ਮਾਝ ਮਹਲਾ ੫ ॥ ਕਹਿਆ ਕਰਣਾ ਦਿਤਾ ਲੈਣਾ ॥ ਗਰੀਬਾ ਅਨਾਥਾ ਤੇਰਾ ਮਾਣਾ ॥ ਸਭ ਕਿਛੁ ਤੂੰਹੈ ਤੂੰਹੈ ਮੇਰੇ ਪਿਆਰੇ ਤੇਰੀ ਕੁਦਰਤਿ ਕਉ ਬਲਿ ਜਾਈ ਜੀਉ ॥ ੧॥ ਭਾਣੈ ਉਝੜ ਭਾਣੈ ਰਾਹਾ ॥ ਭਾਣੈ ਹਰਿ ਗੁਣ ਗੁਰਮੁਖਿ ਗਾਵਾਹਾ ॥ ਭਾਣੈ ਭਰਮਿ ਭਵੈ ਬਹੁ ਜੂਨੀ ਸਭ ਕਿਛੁ ਤਿਸੈ ਰਜਾਈ ਜੀਉ ॥ ੨॥ ਨਾ ਕੋ ਮੂਰਖੁ ਨਾ ਕੋ ਸਿਆਣਾ ॥ ਵਰਤੈ ਸਭ ਕਿਛੁ ਤੇਰਾ ਭਾਣਾ ॥ ਅਗਮ ਅਗੋਚਰ ਬੇਅੰਤ ਅਥਾਹਾ ਤੇਰੀ ਕੀਮਤਿ ਕਹਣੁ ਨ ਜਾਈ ਜੀਉ ॥ ੩॥ ਖਾਕੁ ਸੰਤਨ ਕੀ ਦੇਹੁ ਪਿਆਰੇ ॥ ਆਇ ਪਇਆ ਹਰਿ ਤੇਰੈ ਦੁਆਰੈ ॥ ਦਰਸਨੁ ਪੇਖਤ ਮਨੁ ਆਘਾਵੈ ਨਾਨਕ ਮਿਲਣੁ ਸੁਭਾਈ ਜੀਉ ॥ ੪॥੭॥੧੪॥ {ਪੰਨਾ 98}

ਪਦਅਰਥ:- ਕਹਿਆ—ਆਖਿਆ ਹੋਇਆ ਬਚਨ, ਹੁਕਮ। ਮਾਣਾ—ਮਾਣ, ਆਸਰਾ, ਸਹਾਰਾ। ਕੁਦਰਤਿ—ਸਮਰਥਾ। ਬਲਿ ਜਾਈ—ਬਲਿ ਜਾਈਂ, ਮੈਂ ਸਦਕੇ ਜਾਂਦਾ ਹਾਂ।1।

ਭਾਣੈ—ਰਜ਼ਾ ਅਨੁਸਾਰ। ਉਝੜ—ਗ਼ਲਤ ਰਸਤਾ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਭਰਮਿ—ਭਟਕਣਾ ਵਿਚ, ਭੁਲੇਖੇ ਵਿਚ। ਤਿਸੈ—ਉਸ (ਪਰਮਾਤਮਾ) ਦੀ ਹੀ। ਰਜਾਈ—ਰਜ਼ਾ ਵਿਚ।2।

ਵਰਤੈ—ਵਰਤਦਾ ਹੈ, ਵਾਪਰਦਾ ਹੈ। ਭਾਣਾ—ਰਜ਼ਾ, ਹੁਕਮ। ਅਥਾਹ—ਜਿਸ ਦੀ ਡੂੰਘਾਈ ਨਾਹ ਲੱਭ ਸਕੇ।3।

ਖਾਕੁ—ਚਰਨ-ਧੂੜ। ਆਇ—ਆ ਕੇ। ਹਰਿ—ਹੇ ਹਰੀ! ਪੇਖਤ—ਵੇਖਦਿਆਂ। ਆਘਾਵੈ—ਰੱਜ ਜਾਂਦਾ ਹੈ। ਸੁਭਾਈ—(ਤੇਰੀ) ਰਜ਼ਾ ਅਨੁਸਾਰ।4।

ਅਰਥ:- ਹੇ ਪ੍ਰਭੂ! ਜੋ ਕੁਝ ਤੂੰ ਹੁਕਮ ਕਰਦਾ ਹੈਂ ਉਹੀ ਜੀਵ ਕਰਦੇ ਹਨ, ਜੋ ਕੁਝ ਤੂੰ ਦੇਂਦਾ ਹੈਂ, ਉਹੀ ਜੀਵ ਹਾਸਲ ਕਰ ਸਕਦੇ ਹਨ। ਗਰੀਬਾਂ ਤੇ ਅਨਾਥ ਜੀਵਾਂ ਨੂੰ ਤੇਰਾ ਹੀ ਸਹਾਰਾ ਹੈ। ਹੇ ਮੇਰੇ ਪਿਆਰੇ ਪ੍ਰਭੂ! (ਜਗਤ ਵਿਚ) ਸਭ ਕੁਝ ਤੂੰ ਹੀ ਕਰ ਰਿਹਾ ਹੈਂ ਤੂੰ ਹੀ ਕਰ ਰਿਹਾ ਹੈਂ। ਮੈਂ ਤੇਰੀ ਸਮਰਥਾ ਤੋਂ ਸਦਕੇ ਜਾਂਦਾ ਹਾਂ।1।

ਪਰਮਾਤਮਾ ਦੀ ਰਜ਼ਾ ਵਿਚ ਹੀ ਜੀਵ (ਜ਼ਿੰਦਗੀ ਦਾ) ਗ਼ਲਤ ਰਸਤਾ ਫੜ ਲੈਂਦੇ ਹਨ ਤੇ ਕਈ ਸਹੀ ਰਸਤਾ ਫੜਦੇ ਹਨ। ਪਰਮਾਤਮਾ ਦੀ ਰਜ਼ਾ ਵਿਚ ਹੀ ਕਈ ਜੀਵ ਗੁਰੂ ਦੀ ਸਰਨ ਪੈ ਕੇ ਹਰੀ ਦੇ ਗੁਣ ਗਾਂਦੇ ਹਨ। ਪ੍ਰਭੂ ਦੀ ਰਜ਼ਾ ਅਨੁਸਾਰ ਹੀ ਜੀਵ (ਮਾਇਆ ਦੇ ਮੋਹ ਦੀ) ਭਟਕਣਾ ਵਿਚ ਫਸ ਕੇ ਅਨੇਕਾਂ ਜੂਨਾਂ ਵਿਚ ਭੌਂਦਾ ਫਿਰਦਾ ਹੈ। (ਇਹ) ਸਭ ਕੁਝ ਉਸ ਪ੍ਰਭੂ ਦੀ ਰਜ਼ਾ ਵਿਚ ਹੀ ਹੋ ਰਿਹਾ ਹੈ।2।

ਹੇ ਅਪਹੁੰਚ ਪ੍ਰਭੂ! ਹੇ ਇੰਦ੍ਰੀਆਂ ਦੀ ਪਹੁੰਚ ਤੋਂ ਪਰੇ ਪ੍ਰਭੂ! ਹੇ ਬੇਅੰਤ ਪ੍ਰਭੂ! ਹੇ ਅਥਾਹ ਪ੍ਰਭੂ! (ਆਪਣੀ ਸਮਰੱਥਾ ਨਾਲ) ਨਾਹ ਕੋਈ ਜੀਵ ਮੂਰਖ ਹੈ ਤੇ ਨਾਹ ਹੀ ਕੋਈ ਸਿਆਣਾ ਹੈ। (ਜਗਤ ਵਿਚ ਜੋ ਕੁਝ ਹੋ ਰਿਹਾ ਹੈ) ਸਭ ਤੇਰਾ ਹੁਕਮ ਹੀ ਚੱਲ ਰਿਹਾ ਹੈ। ਤੇਰੇ ਬਰਾਬਰ ਦੀ ਕੋਈ ਸ਼ੈ ਦੱਸੀ ਨਹੀਂ ਜਾ ਸਕਦੀ।

ਹੇ ਪਿਆਰੇ ਹਰੀ! ਮੈਂ ਤੇਰੇ ਦਰ ਤੇ ਆ ਡਿੱਗਾ ਹਾਂ, ਮੈਨੂੰ ਆਪਣੇ ਸੰਤਾਂ ਦੇ ਚਰਨਾਂ ਦੀ ਧੂੜ ਦੇਹ। ਹੇ ਨਾਨਕ! (ਆਖ—ਪਰਮਾਤਮਾ ਦਾ) ਦਰਸਨ ਕੀਤਿਆਂ ਮਨ (ਦੁਨੀਆ ਦੇ ਪਦਾਰਥਾਂ ਵਲੋਂ) ਰੱਜ ਜਾਂਦਾ ਹੈ ਤੇ ਉਸ ਦੀ ਰਜ਼ਾ ਅਨੁਸਾਰ ਉਸ ਨਾਲ ਮਿਲਾਪ ਹੋ ਜਾਂਦਾ ਹੈ।4।7।14।